# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :23-08-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਭਾਰਤ,ਪੁਲਾੜ ਖੇਤਰ ਵਿੱਚ ਅਤਿ-ਆਧੁਨਿਕ ਤਕਨਾਲੋਜੀਆਂ ਨਾਲ ਤੇਜ਼ੀ ਨਾਲ ਅੱਗੇ ਵਧ ਰਿਹਾ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਹੜ੍ਹਾਂ ਕਾਰਨ ਲੋਕਾਂ ਨੂੰ ਹੋਏ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਲਈ ਢੁਕਵਾਂ ਮੁਆਵਜ਼ਾ ਦੇਣ ਦਾ ਕੀਤਾ ਐਲਾਨ।
- ਸੂਬੇ ਦੇ ਮੁੱਖ ਮੰਤਰੀ ਵਲੋਂ ਵੱਲੋਂ ਹੋਸ਼ਿਆਰਪੁਰ ਵਿੱਚ ਵਾਪਰੇ ਹਾਦਸੇ ਵਿਚ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਦੋ-ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ ਅਤੇ ਜ਼ਖਮੀਆਂ ਦੇ ਮੁਫਤ ਇਲਾਜ ਦੇ ਦਿੱਤੇ ਨਿਰਦੇਸ਼ I
- ਪੰਜਾਬੀ ਜਗਤ ਦੇ ਉੱਘੇ ਕਲਾਕਾਰ ਜਸਵਿੰਦਰ ਭੱਲਾ ਦਾ ਅੰਤਿਮ ਸੰਸਕਾਰ ਮੋਹਾਲੀ ਦੇ ਬਲੌਂਗੀ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ।

- ਮੌਸਮ ਵਿਭਾਗ ਵਲੋਂ ਅਗਲੇ 2 ਤੋਂ 3ਦਿਨਾਂ ਲਈ, ਪੰਜਾਬ ਹਰਿਆਣਾ,ਚੰਡੀਗੜ੍ਹ ਤੇ ਰਾਜਸਥਾਨ ਵਿਚ ਕਈ ਥਾਵਾਂ ੭ਤੇ ਮੋਹਲੇਧਾਰ ਬਾਰਿਸ਼ ਦੀ ਪੇਸ਼ੀਨਗੋਈ ।

**ਹੁਣ ਖਬਰਾਂ ਵਿਸਥਾਰ ਨਾਲ.....**

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਸੈਮੀ ਕ੍ਰਾਇਓ-ਜੇਨਿਕ ਇੰਜਣਾਂ ਅਤੇ ਇਲੈਕਟ੍ਰਿਕ ਪ੍ਰੋਪਲਸ਼ਨ ਵਰਗੀਆਂ ਉੱਨਤ ਤਕਨਾਲੋਜੀਆਂ ਦੇ ਖੇਤਰ ਵਿੱਚ ਤੇਜ਼ੀ ਨਾਲ ਅੱਗੇ ਵਧ ਰਿਹਾ ਏ ਅਤੇ ਜਲਦੀ ਹੀ ਗਗਨਯਾਨ ਮਿਸ਼ਨ ਜਾਰੀ ਕਰੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ, ਭਾਰਤ ਆਪਣਾ ਪੁਲਾੜ ਸਟੇਸ਼ਨ ਬਣਾਏਗਾ। BYTE:

ਇੱਕ ਵੀਡੀਓ ਸੰਦੇਸ਼ ਵਿੱਚ, ਸ਼੍ਰੀ ਮੋਦੀ ਨੇ ਅੱਜ ਰਾਸ਼ਟਰੀ ਪੁਲਾੜ ਦਿਵਸ ਦੇ ਮੌਕੇ 'ਤੇ ਵਿਗਿਆਨੀਆਂ ਅਤੇ ਸਾਰੇ ਨੌਜਵਾਨਾਂ ਸਮੇਤ ਪੁਲਾੜ ਖੇਤਰ ਨਾਲ ਜੁੜੇ ਸਾਰਿਆਂ ਨੂੰ ਵਧਾਈ ਦਿੱਤੀ। BYTE: ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਪੁਲਾੜ ਖੇਤਰ ਵਿੱਚ, ਇੱਕ ਤੋਂ ਬਾਅਦ ਇੱਕ ਮੀਲ ਪੱਥਰ ਪ੍ਰਾਪਤ ਕਰ ਰਿਹਾ ਏ ਅਤੇ ਪਿਛਲੇ 11 ਸਾਲਾਂ ਵਿੱਚ, ਸਰਕਾਰ ਨੇ ਪੁਲਾੜ ਖੇਤਰ ਵਿੱਚ ਕਈ ਸੁਧਾਰ ਕੀਤੇ ਨੇ ।

---

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੁਲਾੜ ਵਿਗਿਆਨੀਆਂ ਅਤੇ ਇੰਜੀਨੀਅਰਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੇ ਅਟੁੱਟ ਸਮਰਪਣ ਨੇ ਚੰਦਰਯਾਨ-3 ਮਿਸ਼ਨ ਨੂੰ ਸਫਲ ਬਣਾਇਆ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ ਸ਼ਾਹ ਨੇ ਕਿਹਾ ਕਿ ਇਸ ਮਿਸ਼ਨ ਨੇ ਪੁਲਾੜ ਖੋਜ ਵਿੱਚ ਨਵੇਂ ਰਸਤੇ ਖੋਲ੍ਹੇ ਨੇ,ਜਿਸ ਕਾਰਨ ਦੇਸ਼ ਦੇ ਨੌਜਵਾਨਾਂ ਵਿੱਚ ਕਾਢਾਂ ਦੀ ਭਾਵਨਾ ਵਿਕਸਤ ਹੋਈ ਏ । ਗ੍ਰਹਿ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸਰੋ ਭਾਰਤ ਦੀਆਂ ਇੱਛਾਵਾਂ ਨੂੰ ਸਾਕਾਰ ਕਰਨ ਲਈ ਚੰਦਰਯਾਨ-3 ਅਤੇ ਆਦਿਤਿਆ ਵਰਗੇ ਮਿਸ਼ਨਾਂ ਨੂੰ ਜਾਰੀ ਰੱਖੇਗਾ। ਪੁਲਾੜ ਰਾਜ ਮੰਤਰੀ ਡਾ. ਜਿਤੇਂਦਰ ਸਿੰਘ ਨੇ ਕਿਹਾ ਏ  ਕਿ ਪੁਲਾੜ ਖੇਤਰ ਨੂੰ ਨਿੱਜੀ ਖੇਤਰ ਲਈ ਖੋਲ੍ਹਣਾ ਪਿਛਲੇ 11 ਸਾਲਾਂ ਦਾ ਸਭ ਤੋਂ ਵੱਡਾ ਸੁਧਾਰ ਏ ।

--------------------------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਭਾਰਤੀ ਪੁਲਾੜ ਖੋਜ ਸੰਗਠਨ-ਇਸਰੋ ਨੇ ਸੋਕੇ, ਬਾਰਿਸ਼ ਅਤੇ ਮੌਸਮ ਬਾਰੇ ਸਹੀ ਜਾਣਕਾਰੀ ਦੇਣ ਵਾਲਾ ਇੱਕ ਭੂ-ਪੋਰਟਲ ਵਿਕਸਤ ਕੀਤਾ ਏ । ਇਹ ਕਿਸਾਨਾਂ ਨੂੰ ਆਪਣੀਆਂ ਫਸਲਾਂ ਦੀ ਯੋਜਨਾ ਬਣਾਉਣ ਵਿੱਚ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਮਦਦ ਕਰੇਗਾ। ਨਵੀਂ ਦਿੱਲੀ ਵਿੱਚ ਵਰਚੁਅਲ ਮਾਧਿਅਮ ਰਾਹੀਂ ਰਾਸ਼ਟਰੀ ਵਿਗਿਆਨ ਦਿਵਸ ਸਮਾਰੋਹ ਦੇ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਚੌਹਾਨ ਨੇ ਕਿਸਾਨਾਂ ਲਈ ਇਸ

ਪੋਰਟਲ ਨੂੰ ਵਿਕਸਤ ਕਰਨ ਲਈ ਭਾਰਤੀ ਪੁਲਾੜ ਵਿਗਿਆਨੀਆਂ ਦੀ ਪ੍ਰਸ਼ੰਸਾ ਕੀਤੀ।BYTE:

------------------------------------------------------------------------------

ਬਿਆਸ ਦਰਿਆ ਵਿੱਚ ਪਾਣੀ ਦਾ ਪੱਧਰ ਫਿਰ ਤੋਂ ਵੱਧ ਕੇ 1.25 ਲੱਖ ਕਿਊਸਿਕ ਹੋਣ ਕਰਕੇ ਕਪੂਰਥਲਾ ਸੁਲਤਾਨਪੁਰ ਲੋਧੀ ਵਿੱਚ ਹੜ੍ਹਾਂ ਦੀ ਸਥਿਤੀ ਇਸ ਸਮੇਂ ਗੰਭੀਰ ਬਣੀ ਹੋਈ ਏ। ਸਰਕਾਰੀ ਸੂਤਰਾਂ ਅਨੁਸਾਰ, ਇਸ ਕਾਰਨ ਸੁਲਤਾਨਪੁਰਲੋਧੀ ਦੇ ਮੰਡ ਖੇਤਰਾਂ ਵਿੱਚ ਆਹਲੀ ਕਲਾਂ, ਕਰਮੂਵਾਲਾ ਪੱਤਣ ਅਤੇ ਆਹਲੀ ਖੁਰਦ ਦੇ ਸਭ ਤੋਂ ਵੱਧ ਪ੍ਰਭਾਵਿਤ ਪਿੰਡਾਂ ਨਾਲ ਲੱਗਦੇ ਧੁੱਸੀ ਬੰਨ੍ਹ 'ਤੇ ਪੰਜ ਬੰਨ ਕਮਜ਼ੋਰ ਹੋ ਗਏ ਨੇ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਕਿਸਾਨਾਂ ਦੀ ਮਦਦ ਨਾਲ ਪਿੰਡ ਆਹਲੀ ਕਲਾਂ ਵਿੱਚ 1000 ਫੁੱਟ ਲੰਬੇ ਧੁੱਸੀ ਬੰਨ੍ਹ ਨੂੰ 15 ਹਜ਼ਾਰ ਰੇਤੇ ਨਾਲ ਭਰੀਆਂ ਬੋਰੀਆਂ ਪਾ ਕੇ ਮਜ਼ਬੂਤ ਕੀਤਾ ਏ।

------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਹੜ੍ਹਾਂ ਕਾਰਨ ਲੋਕਾਂ ਨੂੰ ਹੋਏ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਲਈ ਢੁਕਵਾਂ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਏ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਕਿਹਾ ਕਿ ਭਵਿੱਖ ਵਿੱਚ ਅਜਿਹੀਆਂ ਕੁਦਰਤੀ ਆਫ਼ਤਾਂ ਕਾਰਨ ਹੋਣ ਵਾਲੇ ਨੁਕਸਾਨ

ਤੋਂ ਬਚਣ ਲਈ ਢੰਗ-ਤਰੀਕੇ ਵੀ ਤਲਾਸ਼ੇ ਜਾਣਗੇ। ਕੱਲ ਸ਼ਾਮ ਕਪੂਰਥਲਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਦੌਰੇ ਦੌਰਾਨ ਲੋਕਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਹਾੜੀ ਸੂਬਿਆਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਸੂਬੇ ਵਿੱਚ ਇਹ ਸਥਿਤੀ ਪੈਦਾ ਹੋਈ ਏ । ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਸ ਗੰਭੀਰ ਸੰਕਟ ਦੀ ਘੜੀ ਵਿੱਚ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਵਚਨਬੱਧ ਏ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਓਹਨਾ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਹੜ੍ਹਾਂ ਕਾਰਨ ਲੋਕਾਂ ਨੂੰ ਹੋਏ ਨੁਕਸਾਨ ਦਾ ਪਤਾ ਲਾਉਣ ਲਈ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦਿੱਤੇ ਨੇ । ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਨੁਕਸਾਨ ਦਾ ਢੁਕਵਾਂ ਮੁਆਵਜ਼ਾ ਦੇਣ ਲਈ ਵਿਸ਼ੇਸ਼ ਗਿਰਦਾਵਰੀ ਵਿੱਚ ਫਸਲ, ਪਸ਼ੂ, ਘਰ ਤੋਂ ਇਲਾਵਾ ਅਜਿਹੇ ਹਰ ਨੁਕਸਾਨ ਨੂੰ ਵਿਚਾਰਿਆ ਜਾਵੇਗਾ।

---

ਓਧਰ ਕਪੂਰਥਲਾ ਦੇ ਡੀਸੀ ਅਮਿਤ ਕੁਮਾਰ ਪੰਚਾਲ ਨੇ ਲੋਕ ਨੂੰ ਕਿਸੇ ਵੀ ਅਫਵਾਹ ਤੇ ਯਕੀਨ ਨਾ ਕਰਨ ਦੀ ਅਪੀਲ ਕਰਦਿਆਂ ਕਿਹਾ ਹੈ ਕਿ ਉਹ ਕਿਸੇ ਵੀ ਇਤਲਾਹ ਜਾ ਜਾਣਕਾਰੀ ਲਈ ਪ੍ਰਸ਼ਾਸ਼ਨ ਵਲੋਂ ਜਾਰੀ

ਸੁਲਤਾਨਪੁਰ ਲੋਧੀ ਦੀ ਹੈਲਪਲਾਈਨ -01828 -222169 ਜਾ ਜ਼ਿਲ੍ਹਾ ਹੈਲਪਲਾਈਨ 01882 -231 -990 ਤੇ ਸੰਪਰਕ ਕਰ ਸਕਦੇ ਨੇ .

---------------------------------------------------------------------------

ਇਸੇ ਦੌਰਾਨ ਕਪੂਰਥਲਾ ਦੇ ਹੜ੍ਹ ਪ੍ਰਭਾਵਿਤ ਮੰਡ ਬੰਦੂ ਕਦੀਮ ਪਿੰਡ ਦੇ 78 ਸਾਲਾ ਬਜ਼ੁਰਗ ਕਿਸਾਨ ਬਲਵਿੰਦਰ ਸਿੰਘ ਦੀ ਜਾਨ ਅਜੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਰਤੀ ਗਈ ਮੁਸਤੈਦੀ ਤੇ ਤੁਰੰਤ ਕਾਰਵਾਈ ਨਾਲ ਬਚ ਗਈ । ਹੜ੍ਹਾਂ ਦੀ ਸਥਿਤੀ ਵਿੱਚ ਬਲਵਿੰਦਰ ਸਿੰਘ ਦੀ ਛਾਤੀ ਵਿੱਚ ਤੇਜ ਦਰਦ ਅਤੇ ਬੇਚੈਨੀ ਹੋਣ 'ਤੇ ਜਿਵੇਂ ਹੀ ਪ੍ਰਸ਼ਾਸਨ ਨੂੰ ਸਵੇਰ 7 ਵਜੇ ਉਨ੍ਹਾਂ ਦੇ ਘਰੋਂ ਇਕ ਫੋਨ ਕਾਲ ਆਈ, ਬਚਾਅ ਟੀਮਾਂ ਵਲੋਂ ਤੁਰੰਤ ਕਰਵਾਈ ਕਰਦਿਆਂ ਉਨ੍ਹਾਂ ਨੂੰ ਹੜ੍ਹ ਪ੍ਰਭਾਵਿਤ ਖੇਤਰ ਵਿਚੋਂ ਕੱਢ ਕੇ, ਐਂਬੂਲੈਂਸ ਰਾਹੀਂ ਪਿੰਡ ਲੱਖ ਵਰਿਆਂਹ ਦੇ ਮੈਡੀਕਲ ਕੈਂਪ ਵਿੱਚ ਲਿਆਂਦਾ ਗਿਆ | ਬਲੱਡ ਪ੍ਰੈਸ਼ਰ ਅਤੇ ਹੋਰ ਲੱਛਣਾਂ ਦਾ ਮੁੱਢਲਾ ਇਲਾਜ ਕਰਨ ਉਪਰੰਤ ਬਲਵਿੰਦਰ ਸਿੰਘ ਨੂੰ ਸੁਲਤਾਨਪੁਰ ਲੋਧੀ ਸਿਵਲ ਹਸਪਤਾਲ ਵਿਖੇ ਅਗਾਊਂ ਇਲਾਜ ਲਈ ਰੈਫਰ ਕਰ ਦਿੱਤਾ ਗਿਆ | ਸਿਵਲ ਸਰਜਨ ਡਾ.ਹਰਪਾਲ ਸਿੰਘ ਅਨੁਸਾਰ ਹੁਣ ਮਰੀਜ਼ ਦੀ ਹਾਲਤ ਸਥਿਰ ਏ ਅਤੇ ਉਸ ਦੀ ਹਾਲਤ ਵਿੱਚ ਸੁਧਾਰ ਹੋ ਰਿਹਾ ਏ | ਬਲਵਿੰਦਰ ਸਿੰਘ ਦੇ ਪੁੱਤਰ ਗੁਰਦਾਸ ਸਿੰਘ ਨੇ ਪ੍ਰਸ਼ਾਸਨ ਵਲੋਂ ਕੀਤੀ ਗਈ ਤੁਰੰਤ ਕਾਰਵਾਈ

ਦਾ ਧੰਨਵਾਦ ਕਰਦਿਆਂ ਕਿਹਾ ਕਿ ਬਚਾਅ ਟੀਮਾਂ ਵਲੋਂ ਤੁਰੰਤ ਸਹਾਇਤਾ ਪਹੁੰਚਾਕੇ ਉਸਦੇ ਪਿਤਾ ਦੀ ਜਾਨ ਨੂੰ ਬਚਾਇਆ ਗਿਆ ਏ। ਉਨ੍ਹਾਂ ਕਿਹਾ ਕਿ ਸਾਰਾ ਪਰਿਵਾਰ ਹੀ ਇਸ ਉਪਰਾਲੇ ਦਾ ਧੰਨਵਾਦ ਕਰਦਾ ਏ।

---------------------------------------------------------------------------

ਓਧਰ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁਡੀਆਂ ਨੇ ਅੱਜ ਫਾਜ਼ਲਕਾ ਜ਼ਿਲੇ ਦੇ ਹੜਾਂ ਨਾਲ ਪ੍ਰਭਾਵਿਤ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ। ਉਨਾਂ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਹੜ ਪ੍ਰਭਾਵਿਤ ਇਲਾਕਿਆਂ ਵਿੱਚ ਪਸ਼ੂ ਪਾਲਕਾਂ ਨੂੰ ਹਰੇ ਚਾਰੇ ਦੇ ਨਾਲ ਨਾਲ ਫੀਡ ਵੀ ਦਿੱਤੀ ਜਾਵੇਗੀ। ਕੈਬਨਿਟ ਮੰਤਰੀ ਨੇ ਕਾਵਾਂ ਵਾਲੀ ਪੱਤਣ, ਦੋਨਾ ਨਾਨਕਾ, ਤੇਜਾ ਰੁਹੇਲਾ ਪਿੰਡਾਂ ਦਾ ਦੌਰਾ ਕੀਤਾ ਅਤੇ ਲੋਕਾਂ ਨਾਲ ਮਿਲ ਕੇ ਉਹਨਾਂ ਦੀਆਂ ਮੁਸ਼ਕਿਲਾਂ ਸੁਣੀਆਂ। ਵਿਸ਼ੇਸ਼ ਗਿਰਦਾਵਰੀ ਬਾਰੇ ਖੇਤੀਬਾੜੀ ਮੰਤਰੀ ਨੇ ਦਸਿਆ।

---------------------------------------------------------------------------

ਕੇਂਦਰੀ ਜਲ ਸ਼ਕਤੀ ਮੰਤਰਾਲੇ ਦੇ ਪੀਣ ਵਾਲੇ ਪਾਣੀ ਅਤੇ ਸੈਨਿਟੇਸ਼ਨ ਵਿਭਾਗ ਦੇ ਵਧੀਕ ਸਕੱਤਰ ਅਤੇ ਮਿਸ਼ਨ ਡਾਇਰੈਕਟਰ ਕਮਲ ਕਿਸ਼ੋਰ ਸੋਨ ਨੇ ਅੱਜ ਮੋਹਾਲੀ ਜ਼ਿਲ੍ਹੇ ਦਾ ਦੌਰਾ ਕੀਤਾ। ਉਨ੍ਹਾਂ ਨੇ ਜਲ ਜੀਵਨ ਮਿਸ਼ਨ ਅਤੇ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਅਧੀਨ ਹੋ ਰਹੇ ਕੰਮਾਂ ਦੀ ਸਮੀਖਿਆ ਕੀਤੀ।ਸ੍ਰੀ ਸੋਨ ਨੇ ਸਭ ਤੋਂ ਪਹਿਲਾਂ ਪਿੰਡ ਨੰਗਲ ਗੜ੍ਹੀਆਂ,

ਬਲਾਕ ਮਜਰੀ ਵਿੱਚ ਥਾਪਰ ਮਾਡਲ ਪ੍ਰੋਜੈਕਟ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਅਧਿਕਾਰੀਆਂ ਅਤੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਕੇ ਪਿੰਡ ਪੱਧਰ ‘ਤੇ ਗੰਦੇ ਪਾਣੀ ਦੇ ਨਿਪਟਾਰੇ ਲਈ ਅਪਣਾਈਆਂ ਜਾ ਰਹੀਆਂ ਨਵੀਂਆਂ ਪਹਿਲਕਦਮੀਆਂ ਬਾਰੇ ਜਾਣਕਾਰੀ ਲਈ। ਇਸ ਤੋਂ ਬਾਅਦ, ਉਨ੍ਹਾਂ ਨੇ ਪਿੰਡ ਫ਼ਤਿਹਗੜ੍ਹ, ਬਲਾਕ ਮਾਜਰੀ ਵਿੱਚ ਘਰ-ਘਰ ਨਲ ਕਨੈਕਸ਼ਨਾਂ ਵਾਲੀ ਪਾਣੀ ਸਕੀਮ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਗ੍ਰਾਮ ਪੰਚਾਇਤ ਵਾਟਰ ਸਪਲਾਈ ਕਮੇਟੀ ਦੀ ਸਰਾਹਨਾ ਕੀਤੀ, ਜੋ 2010 ਤੋਂ ਇਸ ਯੋਜਨਾ ਨੂੰ ਸਫਲਤਾਪੂਰਵਕ ਚਲਾ ਰਹੀ ਏ ਅਤੇ ਪਿੰਡ ਵਾਸੀਆਂ ਨੂੰ ਨਿਰੰਤਰ ਸੁਰੱਖਿਅਤ ਪੀਣਯੋਗ ਪਾਣੀ ਉਪਲਬਧ ਕਰਵਾ ਰਹੀ ਏ । ਸ਼੍ਰੀ ਸੋਨ ਨੇ ਜਲ ਜੀਵਨ ਮਿਸ਼ਨ ਅਤੇ ਠੋਸ ਤੇ ਤਰਲ ਕੂੜਾ ਪ੍ਰਬੰਧਨ ਨੂੰ ਅੱਗੇ ਵਧਾਉਣ ਵਿੱਚ ਵਾਟਰ ਸਪਲਾਈ ਤੇ ਸੈਨਿਟੇਸ਼ਨ ਵਿਭਾਗ ਪੰਜਾਬ ਅਤੇ ਸਥਾਨਕ ਗ੍ਰਾਮ ਪੰਚਾਇਤਾਂ ਦੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ ।

---

ਪੰਜਾਬੀ ਜਗਤ ਦੇ ਉੱਘੇ ਕਲਾਕਾਰ ਜਸਵਿੰਦਰ ਭੱਲਾ ਦਾ ਅੰਤਿਮ ਸੰਸਕਾਰ ਮੋਹਾਲੀ ਦੇ ਬਲੌਂਗੀ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ । ਓਹਨਾਂ ਦੀ ਚਿਖ਼ਾ ਨੂੰ ਅਗਨੀ ਓਹਨਾਂ ਦੇ ਪੁੱਤਰ ਪੁੱਖਰਾਜ ਨੇ ਵਿਖਾਈ । ਇਸ ਮੌਕੇ ਪੰਜਾਬ BJP ਪ੍ਰਧਾਨ ਸੁਨੀਲ ਜਾਖੜ, ਕੈਬਿਨਟ ਮੰਤਰੀ ਤਰਨਪ੍ਰੀਤ ਸਿੰਘ ਸੌਂਧ, ਮੁਹਾਲੀ ਜ਼ਿਲਾ ਪ੍ਰਸ਼ਾਸ਼ਨ ਅਤੇ ਪੰਜਾਬੀ ਫਿਲਮ

ਜਗਤ ਦੀਆਂ ਹਸਤੀਆਂ ਅਤੇ ਜਸਵਿੰਦਰ ਭੱਲਾ ਦੇ ਸਾਥੀਆਂ ਵੱਲੋਂ ਵੀ ਉਨ੍ਹਾਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ ।

---------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਮੋਹਾਲੀ ਸਥਿਤ ਇਕ ਸਕੂਲ ਵਿੱਚ "ਈਟ ਰਾਈਟ ਵਾਕਾਥਾਨ ਤੇ ਮੇਲੇ" ਦਾ ਉਦਘਾਟਨ ਕੀਤਾ। ਇਸ ਸਮਾਗਮ ਦਾ ਆਯੋਜਨ ਜੀ.ਡੀ. ਗੋਇਨਕਾ ਪਬਲਿਕ ਸਕੂਲ ਅਤੇ ਦ ਰੈੱਡ ਕਾਰਪੈਟ ਵੈਂਚਰਜ਼ ਵੱਲੋਂ ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ ਤੇ ਪੰਜਾਬ ਖੁਰਾਕ ਅਤੇ ਦਵਾ ਪ੍ਰਸ਼ਾਸਨ ਦੇ ਮਾਰਗਦਰਸ਼ਨ ਹੇਠ, ਹਰਬਲਾਈਫ਼ ਦੇ ਸਹਿਯੋਗ ਨਾਲ ਕੀਤਾ ਗਿਆ। ਰਾਜਪਾਲ ਨੇ ਕਿਹਾ ਕਿ "ਈਟ ਰਾਈਟ ਕੇਵਲ ਇੱਕ ਨਾਰਾ ਨਹੀਂ, ਸਗੋਂ ਲੋਕ ਲਹਿਰ ਏ ਜਿਸਨੂੰ ਹਰ ਨਾਗਰਿਕ ਨੂੰ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਉਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਸੰਤੁਲਿਤ ਤੇ ਪੌਸ਼ਟਿਕ ਆਹਾਰ ਦੇ ਨਾਲ ਹੀ ਨੌਜਵਾਨ ਪੀੜ੍ਹੀ ਨੂੰ ਮਜ਼ਬੂਤ, ਊਰਜਾਵਾਨ ਅਤੇ ਰਚਨਾਤਮਕ ਭਵਿੱਖ ਲਈ ਤਿਆਰ ਕੀਤਾ ਜਾ ਸਕਦਾ ਏ । ਉਨ੍ਹਾਂ ਕਿਹਾ ਕਿ ਅੱਜ ਵੀ ਮੋਟਾਪਾ, ਸ਼ੂਗਰ ਅਤੇ ਬਲੱਡ ਪ੍ਰੈਸ਼ਰ ਵਰਗੀਆਂ ਜੀਵਨ ਸ਼ੈਲੀ ਨਾਲ ਜੁੜੀਆਂ ਬੀਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਨੇ , ਜਿਨ੍ਹਾਂ ਦਾ ਮੁੱਖ ਕਾਰਨ ਅਸੰਤੁਲਿਤ ਖੁਰਾਕ ਅਤੇ ਗੈਰ-ਸਰਗਰਮ ਜੀਵਨ ਸ਼ੈਲੀ ਏ । ਇਸ ਲਈ ਲੋੜ ਏ ਕਿ ਲੋਕ ਆਪਣੇ

ਰੋਜ਼ਾਨਾ ਖੁਰਾਕ ਵਿੱਚ ਮੋਟੇ ਅਨਾਜ ਸ਼ਾਮਿਲ ਕਰਨ। ਇਸ ਮੌਕੇ ਤੇ ਸਿਹਤ ਮਾਹਿਰ, ਪੋਸ਼ਣ ਮਾਹਿਰ, ਫਿਟਨੈਸ ਉਤਸ਼ਾਹੀ, ਵਿਦਿਆਰਥੀਆਂ ਅਤੇ ਆਮ ਲੋਕਾਂ ਨੇ ਵਾਕਾਥਾਨ ਵਿੱਚ ਭਾਗ ਲਿਆ। ਮੇਲੇ ਵਿੱਚ ਲੋਕਾਂ ਨੂੰ ਸੰਤੁਲਿਤ ਤੇ ਸਿਹਤਮੰਦ ਆਹਾਰ ਬਦਲਾਂ ਬਾਰੇ ਜਾਣਕਾਰੀ ਦੇਣ ਲਈ ਪ੍ਰਦਰਸ਼ਨੀਆਂ ਤੇ ਗਤੀਵਿਧੀਆਂ ਵੀ ਕੀਤੀਆਂ ਗਈਆਂ।

---------------------------------------------------------------------------------

ਮੌਸਮ ਵਿਭਾਗ ਨੇ ਅਗਲੇ 2 ਤੋਂ 3 ਦਿਨਾਂ ਲਈ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਉੱਤਰਾਖੰਡ, ਪੱਛਮੀ ਰਾਜਸਥਾਨ ਅਤੇ ਉੱਤਰੀ ਖੇਤਰ ਦੇ ਕਈ ਥਾਵਾਂ 'ਤੇ ਮੋਹਲੇਧਾਰ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ। ਮੌਸਮ ਵਿਭਾਗ ਨੇ ਅੱਜ ਪੂਰਬੀ ਰਾਜਸਥਾਨ ਵਿੱਚ ਬਹੁਤ ਜ਼ਿਆਦਾ ਭਾਰੀ ਬਾਰਿਸ਼ ਲਈ ਰੈੱਡ ਅਲਰਟ ਜਾਰੀ ਕੀਤਾ ਏ ।

---------------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਭਾਰਤ,ਪੁਲਾੜ ਖੇਤਰ ਵਿੱਚ ਅਤਿ-ਆਧੁਨਿਕ ਤਕਨਾਲੋਜੀਆਂ ਨਾਲ ਤੇਜ਼ੀ ਨਾਲ ਅੱਗੇ ਵਧ ਰਿਹਾ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਹੜ੍ਹਾਂ ਕਾਰਨ ਲੋਕਾਂ ਨੂੰ ਹੋਏ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਲਈ ਢੁਕਵਾਂ ਮੁਆਵਜ਼ਾ ਦੇਣ ਦਾ ਕੀਤਾ ਐਲਾਨ।

- ਸੂਬੇ ਦੇ ਮੁੱਖ ਮੰਤਰੀ ਵਲੋਂ ਵੱਲੋਂ ਹੋਸ਼ਿਆਰਪੁਰ ਵਿੱਚ ਵਾਪਰੇ ਹਾਦਸੇ ਵਿਚ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਦੋ-ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ ਅਤੇ ਜ਼ਖਮੀਆਂ ਦੇ ਮੁਫਤ ਇਲਾਜ ਦੇ ਦਿੱਤੇ ਨਿਰਦੇਸ਼ I
- ਪੰਜਾਬੀ ਜਗਤ ਦੇ ਉੱਘੇ ਕਲਾਕਾਰ ਜਸਵਿੰਦਰ ਭੱਲਾ ਦਾ ਅੰਤਿਮ ਸੰਸਕਾਰ ਮੋਹਾਲੀ ਦੇ ਬਲੌਂਗੀ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਅਤੇ
- ਮੌਸਮ ਵਿਭਾਗ ਵਲੋਂ ਅਗਲੇ 2ਤੋਂ 3ਦਿਨਾਂ ਲਈ,ਪੰਜਾਬ ਹਰਿਆਣਾ,ਚੰਡੀਗੜ੍ਹ ਤੇ ਰਾਜਸਥਾਨ ਵਿਚ ਕਈ ਥਾਵਾਂ ੍ਹਤੇ ਮੋਹਲੇਧਾਰ ਬਾਰਿਸ਼ ਦੀ ਪੇਸ਼ੀਨਗੋਈ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾ ਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**